ਨੰ:2/79/08-2ਸਿ3 460

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਹੋਲੀ ਏਂਜਲ ਸਕੂਲ, ਮਲੋਟ (ਮੁਕਤਸਰ)।

ਮਿਤੀ,ਚੰਡੀਗੜ੍ਹ 22/7/08

ਵਿਸ਼ਾ:- ਪ੍ਰਿੰਸੀਪਲ, ਹੋਲੀ ਏਂਜਲ ਸਕੂਲ, ਮਲੋਟ (ਮੁਕਤਸਰ) ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.),ਮੁਕਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2 ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3 ਸੀ.ਬੀ .ਐਸ. ਈ.ਨਵੀਂ ਦਿੱਲੀ ਦੀ ਐਫੀਲੀਏਸਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ

Scanned with CamScanner

ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 18-7-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ:2/79/08-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/38-2008 ਗ੍ਰਾਂਟ 1(1) 750 ਮਿਤੀ 3-7-2008 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵ ਅਤ ਇੰਸਪੈਕਸਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Scanned with CamScanner